# Sangrur

ਅਜੀਤ
27-Jun-2026
Page: 7



'ਅਸੀਂ ਨਸ਼ਾ ਮੁਕਤ ਹਾਂ' ਦੀ ਮਨੁੱਖੀ ਅੱਖਰ ਰਚਨਾ ਬਣਾ ਕੇ ਖੜ੍ਹੇ ਅਕਾਲੀ ਅਕੈਡਮੀ ਦੇ ਵਿਦਿਆਰਥੀ। ਅਜੀਤ ਤਸਵੀਰ

# ਅਕਾਲ ਅਕੈਡਮੀਆਂ 15,000 ਵਿਦਿਆਰਥੀਆਂ ਵਲੋਂ 'ਅਸੀਂ ਨਸ਼ਾ ਮੁਕਤ ਹਾਂ' ਮਨੁੱਖੀ ਅੱਖਰ ਰਚਨਾ ਕਰ ਕੇ ਵਿਸ਼ਵ ਰਿਕਾਰਡ ਬਣਾਉਣ ਦਾ ਯਤਨ

ਬਰਨਾਲਾ, 26 ਜੂਨ (ਗੁਰਪ੍ਰੀਤ ਸਿੰਘ ਲਾਡੀ)- ਅੰਤਰਰਾਸ਼ਟਰੀ ਨਸ਼ਾ ਵਿਰੁੱਧ ਦਿਵਸ ਦੇ ਮੌਕੇ ਦਾ ਕਲਗੀਧਰ ਟਰੱਸਟ ਵਲੋਂ ਚਲਾਏ ਜਾ ਰਹੇ 121 ਅਕਾਲ ਅਕੈਡਮੀ ਸਕੂਲਾਂ ਦੇ 15,000 ਤੋਂ ਵੱਧ ਵਿਦਿਆਰਥੀਆਂ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਿਚ ਇਕ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਵਿਚ ਭਾਗ ਲਿਆ। ਕਲਗੀਧਰ ਟਰੱਸਟ ਦੇ ਪੀ.ਆਰ.ਓ. ਸ. ਇੰਦਰਪਾਲ ਸਿੰਘ ਨੇ ਦੱਸਿਆ ਕਿ ਸਵੇਰੇ 8 ਵਜੇ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਇਕੋ ਸਮੇਂ ਆਪਣੇ-ਆਪਣੇ ਕੈਂਪਸਾਂ ਵਿਚ ਇਕੱਠੇ ਹੋ ਕੇ 'ਅਸੀਂ ਨਸ਼ਾ ਮੁਕਤ ਹਾਂ' ਦੀ ਮਨੁੱਖੀ ਅੱਖਰ ਰਚਨਾ ਬਣਾ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪ ਦੁਹਰਾਇਆ। ਇਹ ਗਤੀਵਿਧੀ ਵਰਲਡ ਬੁੱਕ ਆਫ਼ ਰਿਕਾਰਡਜ਼, ਲੰਡਨ ਵਿਚ ਦਰਜ ਹੋਣ ਦੇ ਉਦੇਸ਼ ਨਾਲ ਕਰਵਾਈ ਗਈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਵਿਚ ਅਕਾਲ ਅਕੈਡਮੀ ਦੇ ਰਦੌੜ 600, ਅਕਾਲ ਅਕੈਡਮੀ ਮਹਿਲ ਕਲਾਂ ਦੇ 300, ਅਕਾਲ ਅਕੈਡਮੀ ਰਾਜੀਆ ਦੇ 80 ਅਤੇ ਅਕਾਲ ਅਕੈਡਮੀ ਮਨਾਲ ਦੇ 38 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਅਕਾਲ ਅਕੈਡਮੀ ਰਦੌੜ ਦੀ ਪ੍ਰਿੰਸੀਪਲ ਸ੍ਰੀਮਤੀ ਪ੍ਰੀਤੀ ਗਰੋਵਰ ਨੇ ਕਿਹਾ ਕਿ ਇਹ ਉਪਰਾਲਾ ਸਾਡੇ ਵਿਦਿਆਰਥੀਆਂ ਦੀ ਨਸ਼ਾ-ਮੁਕਤ ਸਮਾਜ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਾਲ ਭਰ ਚੱਲਣ ਵਾਲੇ ਜਾਗਰੂਕਤਾ ਪ੍ਰੋਗਰਾਮਾਂ, ਮੁੱਲ-ਆਧਾਰਿਤ ਸਿੱਖਿਆ, ਕੌਂਸਲਿੰਗ ਅਤੇ ਨਸ਼ਾ ਰੋਕਥਾਮੀ ਗਤੀਵਿਧੀਆਂ ਰਾਹੀਂ ਸਾਡੇ ਸਕੂਲ ਨਸ਼ਾ-ਮੁਕਤ ਕੈਂਪਸ ਬਣਾਈ ਰੱਖਣ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਦੱਸਿਆ ਕਿ ਅਕਾਲ ਅਕੈਡਮੀਆਂ ਦੇ ਵਿਦਿਆਰਥੀ ਪਹਿਲਾਂ ਵੀ ਇਸ ਤਰ੍ਹਾਂ ਦੀਆਂ ਵੱਡੀਆਂ ਸਮਾਜਿਕ ਮੁਹਿੰਮਾਂ ਰਾਹੀਂ ਦੋ ਵਿਸ਼ਵ ਰਿਕਾਰਡ ਅਤੇ ਇਕ ਲਿਮਕਾ ਬੁੱਕ ਆਫ਼ ਰਿਕਾਰਡ ਮਾਨ ਹਾਸਲ ਕਰਨ ਵਿਚ ਯੋਗਦਾਨ ਪਾ ਚੁੱਕੇ ਹਨ।

ਅਜੀਤ
28-Jun-2026
Page: 9




ਅਕਾਲ ਅਕੈਡਮੀ ਫਤਿਹਗੜ੍ਹ ਵਿਖੇ ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮੌਕੇ ਕਰਵਾਏ ਪ੍ਰੋਗਰਾਮ ਦਾ ਦ੍ਰਿਸ਼।

# ਅਕਾਲ ਅਕੈਡਮੀ ਫ਼ਤਹਿਗੜ੍ਹ ਵਿਖੇ ਕੌਮਾਤਰੀ ਨਸ਼ਾ ਵਿਰੋਧੀ ਦਿਵਸ ਮਨਾਇਆ

ਅਜੀਤ
28-Jun-2026
Page: 13




# ਅਕਾਲ ਅਕੈਡਮੀਆਂ ਦੇ 15 ਹਜ਼ਾਰ ਵਿਦਿਆਰਥੀਆਂ ਨੇ ਮਨੁੱਖੀ ਰਚਨਾ ਬਣਾ ਕੇ ਵਿਸ਼ਵ ਰਿਕਾਰਡ ਮੁਹਿੰਮ 'ਚ ਲਿਆ ਹਿੱਸਾ

**अजीत समाचार** 27june2026



# अकाल अकादमियों के 15,000 छात्रों द्वारा 'हम नशा मुक्त हैं' मानव अक्षर रचना करके विश्व रिकॉर्ड बनाने का प्रयास

अजीत समाचार



# अकाल अकादमियों के 15 हज़ार विद्यार्थियों ने मानव शृंखला बनाकर विश्व रिकॉर्ड अभियान में लिया भाग



ਅਕਾਲੀ ਪੱਤ੍ਰਿਕਾ

27june2026

# ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਵਿਖੇ ਨਸ਼ਾ ਵਿਰੋਧੀ ਸੈਮੀਨਾਰ ਅਤੇ ਵਿਸ਼ਵ ਰਿਕਾਰਡ ਮੁਹਿੰਮ ਦਾ ਸਫਲ ਆਯੋਜਨ

ਚੀਮਾ, 26 ਜੂਨ (ਮੱਖਣ ਸ਼ਾਹਪੁਰ)-ਕਲਗੀਧਰ ਟਰੱਸਟ ਬੜੂ ਸਾਹਿਬ (ਹਿਮਾਚਲ ਪ੍ਰਦੇਸ਼) ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਵਿਖੇ ਅੰਤਰਰਾਸ਼ਟਰੀ ਨਸ਼ਾ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਹ ਸਮਾਗਮ ਅਕਾਲ ਅਕੈਡਮੀ ਦੀਆਂ 131 ਸ਼ਾਖਾਵਾਂ ਵੱਲੋਂ ਇੱਕੋ ਸਮੇਂ ਚਲਾਈ ਗਈ "WE ARE DRUG FREE" ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ, ਜਿਸ ਦਾ ਉਦੇਸ਼ ਨਸ਼ਾ-ਮੁਕਤ ਭਾਰਤ ਦੇ ਨਿਰਮਾਣ ਲਈ ਲੋਕਾਂ ਨੂੰ ਜਾਗਰੂਕ ਕਰਨਾ ਸੀ। ਸਮਾਗਮ ਅਕੈਡਮੀ ਦੇ ਪ੍ਰਿੰਸੀਪਲ ਸ਼੍ਰੀਮਤੀ ਅਨੁਰਾਧਾ ਬੱਬਰ ਦੀ ਯੋਗ ਅਗਵਾਈ, ਦੂਰਅੰਦੇਸ਼ੀ ਸੋਚ ਅਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਸਫਲਤਾਪੂਰਵਕ ਸੰਪੰਨ ਹੋਇਆ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਸਿਰਫ਼ ਅਕਾਦਮਿਕ ਸਫਲਤਾ ਹੀ ਨਹੀਂ, ਸਗੋਂ ਚੰਗੇ ਚਰਿੱਤਰ ਵਾਲੇ ਅਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਨਾ ਵੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ, ਚੰਗੀ ਸੰਗਤ ਅਤੇ ਆਧਿਆਤਮਿਕ ਕਦਰਾਂ-ਕੀਮਤਾਂ ਨੂੰ ਜੀਵਨ ਦਾ ਹਿੱਸਾ ਬਣਾਉਣ ਅਤੇ ਸਮਾਜ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਬ-ਸੈਂਟਰ ਫਤਿਹਗੜ੍ਹ ਅਤੇ ਪੀ.ਐਚ.ਸੀ. ਕੋਹਰੀਆਂ ਤੋਂ ਸਿਹਤ ਕਰਮਚਾਰੀ ਅਵਤਾਰ ਸਿੰਘ ਅਤੇ ਹਰਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਵਰਗੀਆਂ ਬਿਮਾਰੀਆਂ ਤੋਂ ਬਚਾਅ ਲਈ ਅਪਣਾਈਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਵੀ ਵਿਸਥਾਰਪੂਰਵਕ ਜਾਣੂ ਕਰਵਾਇਆ। ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ਼ ਨੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੀ ਸਹੁੰ ਚੁੱਕੀ ਅਤੇ ਸਿਹਤਮੰਦ, ਸੁਰੱਖਿਅਤ ਅਤੇ ਨਸ਼ਾ-ਰਹਿਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਦਾ ਅਹਿਦ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ, ਸਮਾਜਿਕ ਜ਼ਿੰਮੇਵਾਰੀ ਅਤੇ ਸਕਾਰਾਤਮਕ ਸੋਚ ਦੀ ਭਾਵਨਾ ਸਪੱਸ਼ਟ ਤੌਰ 'ਤੇ ਦੇਖਣ ਨੂੰ ਮਿਲੀ।



ਬੋਲ ਪ੍ਰਦੇਸਾਂ ਦੇ

27june2026

# ਅਕਾਲ ਅਕੈਡਮੀ ਬੇਨੜਾ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਵਿਸ਼ਵ ਰਿਕਾਰਡ ਮੁਹਿੰਮ ਤਹਿਤ ਵਿਸ਼ੇਸ਼ ਜਾਗਰੂਕਤਾ ਸਮਾਗਮ ਆਯੋਜਿਤ

ਬੋਲ ਪਰਦੇਸਾਂ ਦੇ
Send News on Email
Bolpardesade@Gmail.com




ਲੌਂਗੋਵਾਲ,26 ਜੂਨ (ਜਗਸੀਰ ਸਿੰਘ)– ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦੇ ਮੌਕੇ ਤੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਬੇਨੜਾ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਇਕੱਠੇ ਹੋ ਕੇ ਸਕੂਲ ਦੇ ਮੈਦਾਨ ਵਿੱਚ ਵੀ ਆਰ ਡਰੱਗ ਫ੍ਰੀ ਦੀ ਵਿਸ਼ਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ।

ਇਹ ਉਪਰਾਲਾ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਦੇਸ਼ ਭਰ ਵਿੱਚ ਸਥਿਤ ਅਕਾਲ ਅਕੈਡਮੀਆਂ ਵਿੱਚ ਇੱਕੋ ਸਮੇਂ ਚਲਾਈ ਗਈ ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ। ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਸਮਾਜ ਨੂੰ ਪ੍ਰੇਰਿਤ ਕਰਨਾ ਹੈ। ਇਸ ਵਿਲੱਖਣ ਮਨੁੱਖੀ ਬਣਤਰ ਨੂੰ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿੱਚ ਦਰਜ ਕਰਵਾਉਣ ਲਈ ਵੀ ਭੇਜਿਆ ਜਾਵੇਗਾ।

ਸਵੇਰ 8 ਵਜੇ ਵਿਦਿਆਰਥੀਆਂ ਨੇ ਪੂਰੇ ਅਨੁਸ਼ਾਸਨ, ਜੋਸ਼ ਅਤੇ ਏਕਤਾ ਨਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਿਆਂ ਵਿਰੁੱਧ ਆਪਣਾ ਦ੍ਰਿੜ੍ਹ ਸੰਕਲਪ ਪ੍ਰਗਟਾਇਆ। ਇਸ ਗਤੀਵਿਧੀ ਨੇ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ, ਜਾਗਰੂਕਤਾ ਅਤੇ ਮੁੱਲ-ਅਧਾਰਿਤ ਸਿੱਖਿਆ ਦੀ ਮਹੱਤਤਾ ਨੂੰ ਹੋਰ ਮਜ਼ਬੂਤ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਨਜੋਤ ਕੌਰ ਨੇ ਕਿਹਾ ਕਿ ਅੱਜ ਵਿਦਿਆਰਥੀਆਂ ਨੇ ਸਿਰਫ਼ ਇੱਕ ਮਨੁੱਖੀ ਸੰਦੇਸ਼ ਨਹੀਂ ਬਣਾਇਆ, ਸਗੋਂ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਅਤੇ ਜ਼ਿੰਮੇਵਾਰ ਜੀਵਨ ਜਿਉਣ ਦਾ ਸੰਕਲਪ ਵੀ ਲਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਵਿੱਚ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਹੀ ਜੀਵਨ ਮੁੱਲਾਂ ਨਾਲ ਵੀ ਜੋੜਦੇ ਹਨ। ਸਮਾਗਮ ਦੌਰਾਨ ਰਿਟਾਇਰਡ ਕੈਪਟਨ ਹਰਜੋਤ ਸਿੰਘ ਨੇ ਵਿਦਿਆਰਥੀਆਂ ਨੂੰ ਹਰ ਪ੍ਰਕਾਰ ਦੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪਿੰਡ ਦੇ ਸਰਪੰਚ ਸ੍ਰੀ ਗੋਪਾਲ ਕਿਸ਼ਨ ਸ਼ਰਮਾ ਅਤੇ ਐਡਵੋਕੇਟ ਸਰਬਜੀਤ ਸਿੰਘ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ ਅਤੇ ਉਨ੍ਹਾਂ ਨੇ ਅਕੈਡਮੀ ਦੇ ਇਸ ਸਮਾਜਿਕ ਉਪਰਾਲੇ ਦੀ ਭਰਪੂਰ ਸਰਾਹਨਾ ਕੀਤੀ।

ਦੇਸ਼ ਪ੍ਰਦੇਸ਼ ਟਾਈਮਜ਼
www.deshpardeshtimes.com

27june2026

# ਅਕਾਲ ਅਕੈਡਮੀ ਫ਼ਤਿਹਗੜ੍ਹ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ

## ਸਿਹਤ ਵਿਭਾਗ ਦੀ ਟੀਮ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਕੀਤਾ ਜਾਗਰੂਕ

ਪ੍ਰਭਜੀਤ ਸਿੰਘ ਜਟਿਲ, ਚੀਮਾ ਮੰਡੀ : ਅਕਾਲ ਅਕੈਡਮੀ ਫ਼ਤਹਿਗੜ੍ਹ ਛੰਨ੍ਹਾਂ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਵਿਸ਼ੇਸ਼ ਜਾਗਰੂਕਤਾ ਸਮਾਗਮ ਕਰਵਾਇਆ




ਗਿਆ ਜਿਸ ਵਿੱਚ ਸਿਹਤ ਵਿਭਾਗ ਵੱਲੋਂ ਸਿਹਤ ਕਰਮਚਾਰੀ ਅਵਤਾਰ ਸਿੰਘ ਛੰਨ੍ਹਾਂ ਤੇ ਹਰਪ੍ਰੀਤ ਕੌਰ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਅਕਾਲ ਅਕੈਡਮੀ ਦੀ ਪ੍ਰਿੰਸੀਪਲ ਅਨੁਰਾਧਾ ਸਿੰਘ ਅਤੇ ਸਮੂਹ ਸਟਾਫ ਵੱਲੋਂ ਆਏ ਹੋਏ ਸਿਹਤ ਕਰਮਚਾਰੀਆਂ ਦਾ ਸਵਾਗਤ ਕੀਤਾ। ਸਿਹਤ ਕਰਮੀ ਅਵਤਾਰ ਸਿੰਘ ਛੰਨ੍ਹਾਂ ਤੇ ਹਰਪ੍ਰੀਤ ਕੌਰ ਨੇ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਤੋਂ ਦੂਰ ਰਹਿ ਕੇ ਖੇਡਾਂ, ਪੜ੍ਹਾਈ ਅਤੇ ਸਕਾਰਾਤਮਕ ਗਤੀਵਿਧੀਆਂ ਵੱਲ ਪ੍ਰੇਰਿਤ ਹੋਣ ਦਾ ਸੁਨੇਹਾ ਦਿੱਤਾ। ਉਨ੍ਹਾਂ ਬੱਚਿਆਂ ਨੂੰ ਤੰਦਰੁਸਤ ਜੀਵਨ ਸ਼ੈਲੀ ਅਪਣਾਉਣ ਅਤੇ ਆਪਣੇ ਪਰਿਵਾਰ ਤੇ ਆਲੇ-ਦੁਆਲੇ ਦੇ ਲੋਕਾਂ ਨੂੰ ਇਸ ਨਾਮੁਰਾਦ ਬਿਮਾਰੀ ਪ੍ਰਤੀ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਅਨੁਰਾਧਾ ਸਿੰਘ ਨੇ ਸਿਹਤ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰਣ ਦਿਵਾਇਆ ਕਿ ਉਹ ਦੇਸ਼ ਨੂੰ ਨਸ਼ਾ-ਮੁਕਤ ਬਣਾਉਣ ਵਿੱਚ ਆਪਣਾ ਬਣਦਾ ਯੋਗਦਾਨ ਪਾਉਣਗੇ। ਇਸ ਮੌਕੇ ਅਧਿਆਪਕ ਰਾਜੀਵ ਅਰੋੜਾ, ਜਸਵਿੰਦਰ ਸਿੰਘ, ਜਗਦੀਪ ਸਿੰਘ, ਜਸਵੀਰ ਕੌਰ, ਜਗਜੀਤ ਸਿੰਘ, ਸੁਖਜਿੰਦਰ ਕੌਰ, ਵੀਰਪਾਲ ਕੌਰ, ਹਰਜਿੰਦਰ ਕੌਰ, ਰਾਜਵਿੰਦਰ ਕੌਰ, ਸਿਮਰਜੀਤ ਕੌਰ, ਅਮਨਦੀਪ ਕੌਰ,ਅੰਜੂ ਰਾਣੀ,ਨਵਜੀਤ ਕੌਰ ਅਤੇ ਅਮਨਦੀਪ ਕੌਰ ਸਮੇਤ ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

ਦੇਸ਼ ਪ੍ਰਦੇਸ਼ ਟਾਈਮਜ਼
www.deshpardeshtimes.com

DESH SEWAK
ਦੇਸ਼ ਸੇਵਕ
27june2026

# ਅਕਾਲ ਅਕੈਡਮੀ ਉਭਿਆ ਵਿਖੇ ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮਨਾਇਆ



SUN,28 JUNE 2026
EDITION: SANGRUR BANI, PAGE NO. 2

ਜਗ ਬਾਣੀ
ਈ-ਪੇਪਰ

# ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਕੀਤਾ ਪ੍ਰੇਰਿਤ




ਸੰਗਰੂਰ : ਅਕਾਲ ਅਕੈਡਮੀ ਉਭਿਆ ਵਿਖੇ ਕੌਮਾਂਤਰੀ ਨਸ਼ਾ ਦੁਰਵਰਤੋਂ ਤੇ ਗੈਰ-ਕਾਨੂੰਨੀ ਸਮੱਗਲਿੰਗ ਵਿਰੋਧੀ ਦਿਵਸ ਮੌਕੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੁਹਿਮ ਦਾ ਮੁੱਖ ਉਦੇਸ਼ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਲੋਕਾਂ ਨੂੰ ਜਾਗਰੂਕ ਕਰਨਾ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਸੀ।
ਇਹ ਸਮਾਗਮ ਅਕੈਡਮੀ ਦੀ ਪ੍ਰਿੰਸੀਪਲ ਗੁਰਜੀਤ ਕੌਰ ਦੀ ਅਗਵਾਈ ਤੇ ਸਮੂਹ ਸਟਾਫ ਦੇ ਸਹਿਯੋਗ ਨਾਲ ਸਫਲਤਾਪੂਰਵਕ ਸੰਪੰਨ ਹੋਇਆ। ਸਮਾਗਮ ਦੇ ਅੰਤ 'ਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ ਨੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੀ ਸਹੁੰ ਚੁੱਕੀ ਅਤੇ ਸਿਹਤਮੰਦ, ਸੁਰੱਖਿਅਤ ਅਤੇ ਨਸ਼ਾ-ਰਹਿਤ ਭਾਰਤ ਦੇ ਨਿਰਮਾਣ 'ਚ ਆਪਣਾ ਸਰਗਰਮ ਯੋਗਦਾਨ ਪਾਉਣ ਦਾ ਅਹਿਦ ਕੀਤਾ। ਇਸ ਮੌਕੇ ਅਵਨੀਤ ਕੌਰ (ਸਰਪੰਚ, ਉਭਿਆ), ਸਰਦਾਰ ਹਰਸੰਤ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੌਹਰੀਆਂ ਦੇ ਹੈਡਮਾਸਟਰ, ਅਕੈਡਮੀ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ। (ਬੇਦੀ)

26june2026

# ਅਕਾਲ ਅਕੈਡਮੀ ਬੇਨੜਾ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਵਿਸ਼ਵ ਰਿਕਾਰਡ ਮੁਹਿੰਮ ਤਹਿਤ ਕਰਵਾਇਆ ਗਿਆ ਵਿਸ਼ੇਸ਼ ਜਾਗਰੂਕਤਾ ਸਮਾਗਮ।

By Joginder - June 26, 2026 4 0







# ਅਕਾਲ ਅਕੈਡਮੀ ਉਭਿਆ ਵਿਖੇ ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮਨਾਇਆ

## 131 ਅਕਾਲ ਅਕੈਡਮੀਆਂ ਨੇ 'ਵਿਸ਼ਵ ਰਿਕਾਰਡ ਮੁਹਿੰਮ' 'ਚ ਉਤਸ਼ਾਹ ਨਾਲ ਲਿਆ ਹਿੱਸਾ

**Nawa Zamana** 27june2026

## ਅਕਾਲ ਅਕੈਡਮੀ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ



ਅਕਾਲੀ ਪੱਤ੍ਰਿਕਾ

1 july2026

# ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਵਿਖੇ ਨਸ਼ਾ ਵਿਰੋਧੀ ਸੈਮੀਨਾਰ ਅਤੇ ਵਿਸ਼ਵ ਰਿਕਾਰਡ ਮੁਹਿੰਮ ਦਾ ਸਫਲ ਆਯੋਜਨ

ਚੀਮਾ, 26 ਜੂਨ (ਮੱਖਣ ਸ਼ਾਹਪੁਰ)-ਕਲਗੀਧਰ ਟਰੱਸਟ ਬੜੂ ਸਾਹਿਬ (ਹਿਮਾਚਲ ਪ੍ਰਦੇਸ਼) ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਵਿਖੇ ਅੰਤਰਰਾਸ਼ਟਰੀ ਨਸ਼ਾ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਹ ਸਮਾਗਮ ਅਕਾਲ ਅਕੈਡਮੀ ਦੀਆਂ 131 ਸ਼ਾਖਾਵਾਂ ਵੱਲੋਂ ਇੱਕੋ ਸਮੇਂ ਚਲਾਈ ਗਈ "WE ARE DRUG FREE" ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ, ਜਿਸ ਦਾ ਉਦੇਸ਼ ਨਸ਼ਾ-ਮੁਕਤ ਭਾਰਤ ਦੇ ਨਿਰਮਾਣ ਲਈ ਲੋਕਾਂ ਨੂੰ ਜਾਗਰੂਕ ਕਰਨਾ ਸੀ। ਸਮਾਗਮ ਅਕੈਡਮੀ ਦੇ ਪ੍ਰਿੰਸੀਪਲ ਸ੍ਰੀਮਤੀ ਅਨੁਰਾਧਾ ਬੱਬਰ ਦੀ ਯੋਗ ਅਗਵਾਈ, ਦੂਰਅੰਦੇਸ਼ੀ ਸੋਚ ਅਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਸਫਲਤਾਪੂਰਵਕ ਸੰਪੰਨ ਹੋਇਆ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਸਿਰਫ਼ ਅਕਾਦਮਿਕ ਸਫਲਤਾ ਹੀ ਨਹੀਂ, ਸਗੋਂ ਚੰਗੇ ਚਰਿੱਤਰ ਵਾਲੇ ਅਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਨਾ ਵੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ, ਚੰਗੀ ਸੰਗਤ ਅਤੇ ਅਧਿਆਤਮਿਕ ਕਦਰਾਂ-ਕੀਮਤਾਂ ਨੂੰ ਜੀਵਨ ਦਾ ਹਿੱਸਾ ਬਣਾਉਣ ਅਤੇ ਸਮਾਜ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਬ-ਸੈਂਟਰ ਫਤਿਹਗੜ੍ਹ ਅਤੇ ਪੀ.ਐਚ.ਸੀ. ਕੌਹਰੀਆਂ ਤੋਂ ਸਿਹਤ ਕਰਮਚਾਰੀ ਅਵਤਾਰ ਸਿੰਘ ਅਤੇ ਹਰਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਵਰਗੀਆਂ ਬਿਮਾਰੀਆਂ ਤੋਂ ਬਚਾਅ ਲਈ ਅਪਣਾਈਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਵੀ ਵਿਸਥਾਰਪੂਰਵਕ ਜਾਣੂ ਕਰਵਾਇਆ। ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ਼ ਨੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੀ ਸਹੁੰ ਚੁੱਕੀ ਅਤੇ ਸਿਹਤਮੰਦ, ਸੁਰੱਖਿਅਤ ਅਤੇ ਨਸ਼ਾ-ਰਹਿਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਦਾ ਅਹਿਦ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ, ਸਮਾਜਿਕ ਜ਼ਿੰਮੇਵਾਰੀ ਅਤੇ ਸਕਾਰਾਤਮਕ ਸੋਚ ਦੀ ਭਾਵਨਾ ਸਪੱਸ਼ਟ ਤੌਰ 'ਤੇ ਦੇਖਣ ਨੂੰ ਮਿਲੀ।



27 june 2026


# ਹੱਕ ਸੱਚ ਦਾ ਪਹਿਰੇਦਾਰ

ਪੰਥ ਦੀ ਆਵਾਜ਼


# ਅਕਾਲ ਅਕੈਡਮੀ ਉਭਿਆ ਵਿਖੇ ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮੌਕੇ ਵਿਸ਼ਵ ਰਿਕਾਰਡ ਮੁਹਿੰਮ ਵਿੱਚ ਉਤਸ਼ਾਹਪੂਰਵਕ ਸ਼ਮੂਲੀਅਤ



[illegible]

पंजाब केसरी
SUN,28 JUNE 2026
EDITION: SANGRUR KESARI, PAGE NO. 4

# नशे के खिलाफ अकाल अकादमियों के 15,000 छात्रों ने बनाई 'मानव दीवार'

## ■ वर्ल्ड बुक ऑफ रिकॉर्ड्स के लिए भेजा नाम







*अंतर्राष्ट्रीय नशा मुक्ति दिवस पर 15,000 छात्रों द्वारा बनाई गई 'वी आर ड्रग फ्री' की मानव श्रृंखला के दृश्य। (सिंघवी)*

बरनाला/संगरूर, 27 जून (विवेक सिंधवानी, रवि, बेदी, सिंगला): युवाओं को नशे की गर्त से बचाने और समाज को जागरूक करने के लिए एक ऐतिहासिक पहल सामने आई है। अंतर्राष्ट्रीय नशा निषेध और अवैध तस्करी विरोधी दिवस के विशेष अवसर पर 'द कलगिधर ट्रस्ट' द्वारा संचालित अकाल अकादमियों के 15,000 से अधिक छात्र-छात्राओं ने मिलकर नशे के खिलाफ एक अभेद्य 'मानव दीवार' खड़ी कर दी।

पंजाब, हरियाणा, हिमाचल प्रदेश, उत्तर प्रदेश और राजस्थान सहित 58 राज्यों में फैले 121 स्कूलों के इन बच्चों ने सुबह ठीक 8 बजे अपने-अपने परिसरों में एक साथ एकजुट होकर 'वी आर ड्रग फ्री' का विशाल मानव संकलन बनाया। इस अनुशासित और भव्य प्रयास के जरिए बच्चों ने समाज को नशामुक्त करने का दृढ़ संकल्प लिया। इस सामूहिक प्रदर्शन को अब 'वर्ल्ड बुक ऑफ रिकॉर्ड्स, लंदन' में दर्ज कराने के लिए भेजा गया है।

इस पूरे महा-अभियान में जिला बरनाला के विद्यार्थियों और शिक्षकों ने बढ़-चढ़कर हिस्सा लिया और अग्रणी भूमिका निभाई। जिले के विभिन्न परिसरों से शामिल हुए छात्रों में अकाल अकादमी भदौड़ के 400 छात्र, अकाल अकादमी महल कलां के 100 छात्र, अकाल अकादमी राजिया के 80 छात्र और अकाल अकादमी मानल के 58 छात्र शामिल थे।

इस मौके पर अकाल अकादमी भदौड़ की प्रि. सुश्री प्रीति ग्रोवर ने बच्चों के जज्बे की सराहना करते हुए कहा कि यह पहल छात्रों के उस अटूट संकल्प को दर्शाती है, जिसके तहत वे नशीले पदार्थों के खिलाफ खड़े हैं। परिसरों को नशामुक्त रखने का श्रेय साल भर चलने वाले जागरूकता कार्यक्रमों, मूल्य-आधारित शिक्षा और काउंसिलिंग को जाता है। सामाजिक और शैक्षिक क्षेत्र में अग्रणी 'द कलगिधर ट्रस्ट' के नाम पहले भी 2 वर्ल्ड रिकॉर्ड्स और एक लिम्का बुक ऑफ रिकॉर्ड्स दर्ज हैं, और आज का यह अभियान देश के युवाओं को जिम्मेदार नागरिक बनाने के उसी संकल्प को दोहराता है।

इस दौरान जिला संगरूर की इन अकाल अकादमियों ने बढ़-चढ़कर भाग लिया: अकाल अकादमी चेनड़ा, अकाल अकादमी चीमा साहिब, अकाल अकादमी चीमा साहिब (पंजाबी माध्यम), अकाल अकादमी धर्मगढ़ छन्ना, अकाल अकादमी फतेहगढ़ गंढुआं, अकाल अकादमी मूनक, अकाल अकादमी रतोलां और अकाल अकादमी उभीआ। इस अवसर पर उपस्थित गणमान्य व्यक्तियों ने अकाल अकादमियों के इस सामाजिक प्रयास की भरपूर सराहना की।

ਪੰਜਾਬੀ ਜਾਗਰਣ

28 june 2026

# ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਕੀਤਾ ਜਾਗਰੂਕ

ਗੁਰਨਾਮ ਸਿੰਘ ਚੌਹਾਨ • ਪੰਜਾਬੀ ਜਾਗਰਣ,

ਸੁਨਾਮ : ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮੌਕੇ ਪਿੰਡ ਫਤਿਹਗੜ੍ਹ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਅਕਾਲ ਅਕੈਡਮੀ ਵਿਖੇ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ। ਜਾਗਰੂਕਤਾ ਸਮਾਗਮ ਵਿੱਚ ਸਿਹਤ ਵਿਭਾਗ ਵੱਲੋਂ ਸਿਹਤ ਕਰਮਚਾਰੀ ਅਵਤਾਰ ਸਿੰਘ ਸੰਧੂਆਂ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਨਾਲ ਸਿਹਤ ਕਰਮਚਾਰੀ ਹਰਪ੍ਰੀਤ ਕੌਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਸਮਾਗਮ ਦੀ ਸ਼ੁਰੂਆਤ ਦੌਰਾਨ ਅਕਾਲ ਅਕੈਡਮੀ ਦੀ ਪ੍ਰਿੰਸੀਪਲ ਅਨੁਰਾਧਾ ਖੱਤਰ ਤੇ ਸਮੂਹ ਸਟਾਫ ਵੱਲੋਂ ਆਏ ਹੋਏ ਸਿਹਤ ਕਰਮਚਾਰੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਿਹਤ ਕਰਮਚਾਰੀ ਅਵਤਾਰ ਸਿੰਘ ਸੰਧੂਆਂ ਨੇ ਨਸ਼ਿਆਂ ਦੇ ਸਰੀਰਕ, ਮਾਨਸਿਕ ਤੇ ਸਮਾਜਿਕ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਤੋਂ ਦੂਰ ਰਹਿ ਕੇ ਖੇਡਾਂ, ਪੜ੍ਹਾਈ ਤੇ ਸਕਾਰਾਤਮਕ ਗਤੀਵਿਧੀਆਂ ਵੱਲ ਪ੍ਰੇਰਿਤ ਹੋਣ ਦਾ ਸੁਨੇਹਾ ਦਿੱਤਾ। ਇਸ ਦੇ ਨਾਲ ਹੀ ਸਿਹਤ ਕਰਮਚਾਰੀ ਹਰਪ੍ਰੀਤ ਕੌਰ ਨੇ ਵੀ ਬੱਚਿਆਂ ਨੂੰ ਤੰਦਰੁਸਤ ਜੀਵਨ ਸ਼ੈਲੀ ਅਪਣਾਉਣ ਅਤੇ ਆਪਣੇ ਪਰਿਵਾਰ ਤੇ ਆਲੇ-ਦੁਆਲੇ ਦੇ ਲੋਕਾਂ ਨੂੰ ਇਸ ਸਮਾਜਕ ਬਿਮਾਰੀ ਪ੍ਰਤੀ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ।




ਅਕਾਲ ਅਕੈਡਮੀ ਦੇ ਵਿਦਿਆਰਥੀ ਤੇ ਸਟਾਫ ਮੈਂਬਰ। • ਪੰਜਾਬੀ ਜਾਗਰਣ

ਪ੍ਰਿੰਸੀਪਲ ਅਨੁਰਾਧਾ ਖੱਤਰ ਨੇ ਸਿਹਤ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰਣ ਦਿਵਾਇਆ ਕਿ ਉਹ ਦੇਸ਼ ਨੂੰ ਨਸ਼ਾ-ਮੁਕਤ ਬਣਾਉਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣਗੇ।

ਇਸ ਮੌਕੇ ਰਾਜੀਵ ਅਰੋੜਾ, ਹਰਵਿੰਦਰ ਸਿੰਘ, ਜਸਦੀਪ ਸਿੰਘ, ਜਸਵੀਰ ਕੌਰ, ਗੁਰਜੰਟ ਸਿੰਘ, ਸੁਖਵਿੰਦਰ ਕੌਰ, ਰਜਨੀ ਪਾਲ ਕੌਰ, ਹਰਜਿੰਦਰ ਕੌਰ, ਕੁਲਵਿੰਦਰ ਕੌਰ, ਸਿਮਰਜੀਤ ਕੌਰ, ਅਮਨਦੀਪ ਕੌਰ, ਜੋਤ ਰਾਣੀ, ਨਵਜੀਤ ਕੌਰ ਹਾਜ਼ਰ ਸਨ।

दैनिक सवेरा

# 15,000 अकाल अकादमी विद्यार्थियों ने बनाई 'हम नशा मुक्त हैं' मानव आकृति, विश्व रिकॉर्ड बनाने का संकल्प

27 june 2026



सेमिनर का दृश्य।

**सवेरा न्यूज/बरजिंदर मिड्डा/विनोद शर्मा बरनाला, 26 जून :** अंतर्राष्ट्रीय नशा निषेध दिवस के अवसर पर द कलगीधर ट्रस्ट द्वारा संचालित 121 अकाल अकादमी विद्यालयों के 15,000 से अधिक विद्यार्थियों ने पंजाब, हरियाणा, हिमाचल प्रदेश, उत्तर प्रदेश और राजस्थान में एक विशेष नशा जागरूकता अभियान में उत्साहपूर्वक भाग लिया। प्रातः 8:00 बजे, इन सभी विद्यालयों के विद्यार्थियों ने अपने-अपने परिसर में एक साथ एकत्रित होकर 'हम नशा मुक्त है की एक विशाल मानव आकृति बनाई। इस गतिविधि का मुख्य उद्देश्य नशे से दूर रहने के संकल्प को दोहराना और समाज को जागरूक करना था। यह आयोजन 'वर्ल्ड बुक ऑफ रिकॉर्ड्स, लंदन' में दर्ज कराने के उद्देश्य से किया गया है। इस अभियान में जिले के विद्यालयों का योगदान सराहनीय रहा जैसे कि अकाल अकादमी, भदौड़ः 400 विद्यार्थी,अकाल अकादमी, महल कलां 100 विद्यार्थी,अकाल अकादमी, राजियाः 80 विद्यार्थी,अकाल अकादमी, मानलः 58 विद्यार्थी। अकाल अकादमी भदौड़ की प्रधानाचार्या सुश्री प्रीति ग्रोवर ने इस पहल की सराहना करते हुए कहा,यह आयोजन हमारे विद्यार्थियों की नशा मुक्त समाज के प्रति गहरी प्रतिबद्धता को दर्शाता है। हम वर्षभर मूल्य-आधारित शिक्षा, परामर्श और निवारक गतिविधियों के माध्यम से अपने परिसरों को नशा मुक्त बनाए रखने के लिए निरंतर प्रयासरत हैं। द कलगीधर ट्रस्ट अपने शैक्षणिक संस्थानों के माध्यम से नशा निवारण एवं सामाजिक जागरूकता अभियानों को निरंतर गति प्रदान कर रहा है। उल्लेखनीय है कि अकाल अकादमी के विद्यार्थियों ने पूर्व में भी ऐसे ही व्यापक अभियानों के माध्यम से दो विश्व रिकॉर्ड और एक 'लिम्का बुक ऑफ रिकॉर्ड्स' सम्मान प्राप्त कर कीर्तिमान स्थापित किया है। यह अभियान युवाओं को नशा मुक्त भारत के निर्माण के लिए प्रेरित करने और उन्हें एक जिम्मेदार नागरिक बनाने की दिशा में एक महत्वपूर्ण कदम है।

ਰੋਜ਼ਾਨਾ ਸਪੋਕਸਮੈਨ
RozanaSpokesman.com

27 june 2026

# ਅਕਾਲ ਅਕੈਡਮੀ ਬਨੜਾ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਅਤੇ ਜਾਗਰੂਕਤਾ ਸਮਾਗਮ ਕਰਵਾਇਆ




ਸੰਗਰੂਰ, 26 ਜੂਨ (ਪਰਮਜੀਤ ਸਿੰਘ ਲੱਡਾ) : ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦੇ ਮੌਕੇ 'ਤੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਬੇਨੜਾ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਇਕੱਠੇ ਹੋ ਕੇ ਸਕੂਲ ਦੇ ਮੈਦਾਨ ਵਿੱਚ ਵੀ ਆਰ ਡਰੱਗ ਫਰੀ ਦੀ ਵਿਸ਼ਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ। ਇਹ ਉਪਰਾਲਾ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਦੇਸ਼ ਭਰ ਵਿੱਚ ਸਥਿਤ ਅਕਾਲ ਅਕੈਡਮੀਆਂ ਵਿੱਚ ਇੱਕੋ ਸਮੇਂ ਚਲਾਈ ਗਈ ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ। ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਸਮਾਜ ਨੂੰ ਪ੍ਰੇਰਿਤ ਕਰਨਾ ਹੈ। ਇਸ ਵਿਲੱਖਣ ਮਨੁੱਖੀ ਬਣਤਰ ਨੂੰ ਵਰਲਡ ਬੁੱਕ ਆਫ਼ ਰਿਕਾਰਡਜ਼, ਲੰਡਨ ਵਿੱਚ ਦਰਜ ਕਰਵਾਉਣ ਲਈ ਵੀ ਭੇਜਿਆ ਜਾਵੇਗਾ। ਸਵੇਰੇ 8 ਵਜੇ ਵਿਦਿਆਰਥੀਆਂ ਨੇ ਪੂਰੇ ਅਨੁਸ਼ਾਸਨ, ਜੋਸ਼ ਅਤੇ ਏਕਤਾ ਨਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਿਆਂ ਵਿਰੁੱਧ ਆਪਣਾ ਦ੍ਰਿੜ੍ਹ ਸੰਕਲਪ ਪ੍ਰਗਟਾਇਆ। ਇਸ ਗਤੀਵਿਧੀ ਨੇ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ, ਜਾਗਰੂਕਤਾ ਅਤੇ ਮੁੱਲ-ਅਧਾਰਿਤ ਸਿੱਖਿਆ ਦੀ ਮਹੱਤਤਾ ਨੂੰ ਹੋਰ ਮਜ਼ਬੂਤ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਨਜੀਤ ਕੌਰ ਨੇ ਕਿਹਾ ਕਿ ਅੱਜ ਵਿਦਿਆਰਥੀਆਂ ਨੇ ਸਿਰਫ਼ ਇੱਕ ਮਨੁੱਖੀ ਸੰਦੇਸ਼ ਨਹੀਂ ਬਣਾਇਆ, ਸਗੋਂ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਅਤੇ ਜ਼ਿੰਮੇਵਾਰ ਜੀਵਨ ਜਿਊਣ ਦਾ ਸੰਕਲਪ ਵੀ ਲਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਵਿੱਚ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਹੀ ਜੀਵਨ ਮੁੱਲਾਂ ਨਾਲ ਵੀ ਜੋੜਦੇ ਹਨ। ਸਮਾਗਮ ਦੌਰਾਨ ਰਿਟਾਇਰਡ ਕੈਪਟਨ ਹਰਬੰਸ ਸਿੰਘ ਨੇ ਵਿਦਿਆਰਥੀਆਂ ਨੂੰ ਹਰ ਪ੍ਰਕਾਰ ਦੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪਿੰਡ ਦੇ ਸਰਪੰਚ ਸ੍ਰੀ ਗੋਪਾਲ ਕਿਸ਼ਨ ਸ਼ਰਮਾ ਅਤੇ ਐਡਵੋਕੇਟ ਸਰਬਜੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਉਨ੍ਹਾਂ ਨੇ ਅਕੈਡਮੀ ਦੇ ਇਸ ਸਮਾਜਿਕ ਉਪਰਾਲੇ ਦੀ ਭਰਪੂਰ ਸਰਾਹਨਾ ਕੀਤੀ।


ਰੋਜ਼ਾਨਾ ਸਪੋਕਸਮੈਨ
RozanaSpokesman.com

ਏਵ ਟਾਈਮਜ਼

27 june 2026

# 15,000 ਅਕਾਲ ਅਕੈਡਮੀ ਵਿਦਿਆਰਥੀਆਂ ਨੇ ਵੁਈ ਆਰ ਡਰੱਗ ਫ੍ਰੀ ਮਨੁੱਖੀ ਰਚਨਾ ਬਣਾ ਕੇ ਵਿਸ਼ਵ ਰਿਕਾਰਡ ਮੁਹਿਮ ਵਿੱਚ ਲਿਆ ਹਿੱਸਾ

ਏਵ ਟਾਈਮਜ਼



**ਦੇਵ ਟਾਈਮਜ਼** 27 june 2026

# ਅਕਾਲ ਅਕੈਡਮੀ ਬੇਨੜਾ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ

## ਵਿਸ਼ਵ ਰਿਕਾਰਡ ਮੁਹਿੰਮ ਤਹਿਤ ਕਰਵਾਇਆ ਗਿਆ ਵਿਸ਼ੇਸ਼ ਜਾਗਰੂਕਤਾ ਸਮਾਗਮ

**ਦੇਵ ਟਾਈਮਜ਼**

[illegible], 26 ਜੂਨ ([illegible]) ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦੇ ਮੌਕੇ 'ਤੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਬੇਨੜਾ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਇਕੱਠੇ ਹੋ ਕੇ ਸਕੂਲ ਦੇ ਮੈਦਾਨ ਵਿੱਚ "ਵੀ ਆਰ ਡਰੱਗ ਫ੍ਰੀ" ਦੀ ਵਿਸ਼ਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ।

ਇਹ ਉਪਰਾਲਾ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਦੇਸ਼ ਭਰ ਵਿੱਚ ਸਥਿਤ ਅਕਾਲ ਅਕੈਡਮੀਆਂ ਵਿੱਚ ਇੱਕੋ ਸਮੇਂ ਚਲਾਈ ਗਈ ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ। ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਸਮਾਜ ਨੂੰ ਪ੍ਰੇਰਿਤ ਕਰਨਾ ਹੈ। ਇਸ ਵਿਲੱਖਣ ਮਨੁੱਖੀ ਬਣਤਰ ਨੂੰ ਵਰਲਡ ਬੁੱਕ ਆਫ਼ ਰਿਕਾਰਡਜ਼, ਲੰਡਨ ਵਿੱਚ ਦਰਜ ਕਰਵਾਉਣ ਲਈ ਵੀ ਭੇਜਿਆ ਜਾਵੇਗਾ।




ਸਵੇਰੇ 8 ਵਜੇ ਵਿਦਿਆਰਥੀਆਂ ਨੇ ਪੂਰੇ ਅਨੁਸ਼ਾਸਨ, ਜੋਸ਼ ਅਤੇ ਏਕਤਾ ਨਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਿਆਂ ਵਿਰੁੱਧ ਆਪਣਾ ਦ੍ਰਿੜ੍ਹ ਸੰਕਲਪ ਪ੍ਰਗਟਾਇਆ। ਇਸ ਗਤੀਵਿਧੀ ਨੇ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ, ਜਾਗਰੂਕਤਾ ਅਤੇ ਮੁੱਲ-ਆਧਾਰਿਤ ਸਿੱਖਿਆ ਦੀ ਮਹੱਤਤਾ ਨੂੰ ਹੋਰ ਮਜ਼ਬੂਤ ਕੀਤਾ।

ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਨਜੀਤ ਕੌਰ ਨੇ ਕਿਹਾ ਕਿ ਅੱਜ ਵਿਦਿਆਰਥੀਆਂ ਨੇ ਸਿਰਫ਼ ਇੱਕ ਮਨੁੱਖੀ [illegible] ਨਹੀਂ ਬਣਾਇਆ, ਸਗੋਂ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਅਤੇ ਜ਼ਿੰਮੇਵਾਰ ਜੀਵਨ ਜਿਊਣ ਦਾ ਸੰਕਲਪ ਵੀ ਲਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਵਿੱਚ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਹੀ ਜੀਵਨ ਮੁੱਲਾਂ ਨਾਲ ਵੀ ਜੋੜਦੇ ਹਨ। ਸਮਾਗਮ ਦੌਰਾਨ [illegible] ਸਿੰਘ ਨੇ ਵਿਦਿਆਰਥੀਆਂ ਨੂੰ ਹਰ ਪ੍ਰਕਾਰ ਦੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪਿੰਡ ਦੇ ਸਰਪੰਚ ਸ੍ਰੀ [illegible] ਕਿਸ਼ਨ ਸ਼ਰਮਾ ਅਤੇ ਐਡਵੋਕੇਟ ਸਰਬਜੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਉਨ੍ਹਾਂ ਨੇ ਅਕੈਡਮੀ ਦੇ ਇਸ ਸਮਾਜਿਕ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

ਏਵ ਟਾਈਮਜ਼

27 june 2026

# ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਵਿਖੇ ਨਸ਼ਾ ਵਿਰੋਧੀ ਸੈਮੀਨਾਰ ਅਤੇ ਵਿਸ਼ਵ ਰਿਕਾਰਡ ਮੁਹਿੰਮ ਦਾ ਸਫਲ ਆਯੋਜਨ

ਏਵ ਟਾਈਮਜ਼

ਸੁਨਾਮ ਊਧਮ ਸਿੰਘ ਵਾਲਾ, 26 ਜੂਨ (ਸਟਾਫ਼ ਰਿਪੋਰਟਰ) ਕਲਗੀਧਰ ਟਰੱਸਟ ਬੜੂ ਸਾਹਿਬ (ਹਿਮਾਚਲ ਪ੍ਰਦੇਸ਼) ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਵਿਖੇ ਅੰਤਰਰਾਸ਼ਟਰੀ ਨਸ਼ਾ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਹ ਸਮਾਗਮ ਅਕਾਲ ਅਕੈਡਮੀ ਦੀਆਂ 131 ਸ਼ਾਖਾਵਾਂ ਵੱਲੋਂ ਇੱਕੋ ਸਮੇਂ ਚਲਾਈ ਗਈ ਡਰੱਗ ਫ੍ਰੀ ਅਰਥ ਕੰਪੇਨ ਦੀ ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ, ਜਿਸ ਦਾ ਉਦੇਸ਼ ਨਸ਼ਾ-ਮੁਕਤ ਭਾਰਤ ਦੇ ਨਿਰਮਾਣ ਲਈ ਲੋਕਾਂ ਨੂੰ ਜਾਗਰੂਕ ਕਰਨਾ ਸੀ।

ਸਮਾਗਮ ਅਕੈਡਮੀ ਦੇ ਪ੍ਰਿੰਸੀਪਲ ਸ੍ਰੀਮਤੀ ਅਨੁਰਾਧਾ ਬੱਗਰ ਦੀ ਯੋਗ ਅਗਵਾਈ, ਪ੍ਰਬੰਧਕੀ ਸੋਚ ਅਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਸਫ਼ਲਤਾਪੂਰਵਕ ਸੰਪੰਨ ਹੋਇਆ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼



ਸਿਰਫ਼ ਅਕਾਦਮਿਕ ਸਫ਼ਲਤਾ ਹੀ ਨਹੀਂ, ਸਗੋਂ ਚੰਗੇ ਚਰਿੱਤਰ ਵਾਲੇ ਅਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਨਾ ਵੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ, ਚੰਗੀ ਸੰਗਤ ਅਤੇ ਅਧਿਆਤਮਿਕ ਕਦਰਾਂ-ਕੀਮਤਾਂ ਨੂੰ ਜੀਵਨ ਦਾ ਹਿੱਸਾ ਬਣਾਉਣ ਅਤੇ ਸਮਾਜ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸਬ-ਸੈਂਟਰ ਫ਼ਤਿਹਗੜ੍ਹ ਅਤੇ ਪੀ.ਐਚ.ਸੀ. ਕੌਹਰੀਆਂ ਤੋਂ ਸਿਹਤ ਕਰਮਚਾਰੀ ਅਵਤਾਰ ਸਿੰਘ ਅਤੇ ਹਰਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਵਰਗੀਆਂ ਬਿਮਾਰੀਆਂ ਤੋਂ ਬਚਾਅ ਲਈ ਅਪਣਾਈਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਵੀ ਵਿਸਥਾਰਪੂਰਵਕ ਜਾਣੂ ਕਰਵਾਇਆ।

ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ਼ ਨੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੀ ਸਹੁੰ ਚੁੱਕੀ ਅਤੇ ਸਿਹਤਮੰਦ, ਸੁਰੱਖਿਅਤ ਅਤੇ ਨਸ਼ਾ-ਰਹਿਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਦਾ ਅਹਿਦ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ, ਸਮਾਜਿਕ ਜ਼ਿੰਮੇਵਾਰੀ ਅਤੇ ਸਕਾਰਾਤਮਕ ਸੋਚ ਦੀ ਭਾਵਨਾ ਸਪੱਸ਼ਟ ਤੌਰ 'ਤੇ ਦੇਖਣ ਨੂੰ ਮਿਲੀ।

**ਦੇਵ ਟਾਈਮਜ਼**

27 june 2026

# ਅਕਾਲ ਅਕੈਡਮੀ ਉਭਿਆ ਵਿਖੇ ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮੌਕੇ ਵਿਸ਼ਵ ਰਿਕਾਰਡ ਮੁਹਿਮ ਵਿੱਚ ਉਤਸ਼ਾਹਪੂਰਵਕ ਸ਼ਮੂਲੀਅਤ

**ਦੇਵ ਟਾਈਮਜ਼**




ਸੰਗਰੂਰ, 26 ਜੂਨ (ਸਟਾਫ ਰਿਪੋਰਟਰ) ਕਲਗੀਧਰ ਟਰੱਸਟ, ਬੜੂ ਸਾਹਿਬ ਦੇ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਅਕਾਲ ਅਕੈਡਮੀ ਉਭਿਆ ਵਿਖੇ ਕੌਮਾਂਤਰੀ ਨਸ਼ਾ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਨਸ਼ਾ ਵਿਰੋਧੀ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਇਸ ਮੌਕੇ ਅਕੈਡਮੀ ਨੇ ਅਕਾਲ ਅਕੈਡਮੀ ਦੀਆਂ 131 ਸ਼ਾਖਾਵਾਂ ਵੱਲੋਂ ਇੱਕੋ ਸਮੇਂ ਆਯੋਜਿਤ "ਡਰੱਗ ਆਰ ਡਰੱਗ ਫ੍ਰੀ" ਵਿਸ਼ਵ ਰਿਕਾਰਡ ਮੁਹਿਮ ਵਿੱਚ ਵੀ ਉਤਸ਼ਾਹਪੂਰਵਕ ਭਾਗ ਲਿਆ। ਇਸ ਮੁਹਿਮ ਦਾ ਮੁੱਖ ਉਦੇਸ਼ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਸੀ।

ਇਹ ਸਮਾਗਮ ਅਕੈਡਮੀ ਦੀ ਪ੍ਰਿੰਸੀਪਲ ਗੁਰਜੀਤ ਕੌਰ ਦੀ ਯੋਗ ਅਗਵਾਈ ਅਤੇ ਸਮੂਹ ਸਟਾਫ ਦੇ ਸਹਿਯੋਗ ਨਾਲ ਸਫਲਤਾਪੂਰਵਕ ਸੰਪੰਨ ਹੋਇਆ। ਆਪਣੇ ਸੰਬੋਧਨ ਦੌਰਾਨ ਪ੍ਰਿੰਸੀਪਲ ਨੇ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਕੇਵਲ ਅਕਾਦਮਿਕ ਸਫਲਤਾ ਹਾਸਲ ਕਰਨਾ ਹੀ ਨਹੀਂ, ਸਗੋਂ ਚੰਗੇ ਚਰਿੱਤਰ ਵਾਲੇ, ਜ਼ਿੰਮੇਵਾਰ ਅਤੇ ਜਾਗਰੂਕ ਨਾਗਰਿਕ ਤਿਆਰ ਕਰਨਾ ਵੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ, ਚੰਗੀ ਸੰਗਤ ਅਤੇ ਅਧਿਆਤਮਿਕ ਕਦਰਾਂ-ਕੀਮਤਾਂ ਨੂੰ ਆਪਣੇ ਜੀਵਨ ਦਾ ਅਟੁੱਟ ਹਿੱਸਾ ਬਣਾਉਣ ਅਤੇ ਸਮਾਜ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ।

ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ ਨੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੀ ਸਹੁੰ ਚੁੱਕੀ ਅਤੇ ਸਿਹਤਮੰਦ, ਸੁਰੱਖਿਅਤ ਅਤੇ ਨਸ਼ਾ-ਰਹਿਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਦਾ ਅਹਿਦ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ ਵਿੱਚ ਨਸ਼ਿਆਂ ਪ੍ਰਤੀ ਜਾਗਰੂਕਤਾ, ਸਮਾਜਿਕ ਜ਼ਿੰਮੇਵਾਰੀ ਅਤੇ ਸਕਾਰਾਤਮਕ ਸੋਚ ਦੀ ਭਾਵਨਾ ਸਪਸ਼ਟ ਤੌਰ 'ਤੇ ਦੇਖਣ ਨੂੰ ਮਿਲੀ।

ਇਸ ਮੌਕੇ ਸ੍ਰੀਮਤੀ ਅਕਨੀਤ ਕੌਰ (ਸਰਪੰਚ, ਉਭਿਆ), ਸਰਦਾਰ ਹਰਜੀਤ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਠੀਆਂ ਦੇ ਹੈੱਡਮਾਸਟਰ, ਅਕੈਡਮੀ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।